# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 24-09-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਡਿਜੀਟਲ ਬੁਨਿਆਦੀ ਢਾਂਚਾ ਰੁਕਾਵਟ ਨਹੀਂ ਸਗੋਂ ਦੁਨੀਆ ਨੂੰ ਜੋੜਨ ਵਾਲਾ ਪੁਲ ਹੋਣਾ ਚਾਹੀਦਾ ਏ। ਪ੍ਰਧਾਨ ਮੰਤਰੀ ਨੇ ਇਹ ਗੱਲ ਬੀਤੀ ਰਾਤ, ਸੰਯੁਕਤ ਰਾਸ਼ਟਰ ਮਹਾਸਭਾ ਵਿੱਚ ਸਿਖਰ ਸੰਮੇਲਨ ਨੂੰ ਸੰਬੋਧਨ ਕਰਦਿਆਂ ਕਹੀ।

**BYTE:**

ਪ੍ਰਧਾਨ ਮੰਤਰੀ ਨੇ ਕਿਹਾ ਕਿ ਤਕਨਾਲੋਜੀ ਦੀ ਸੁਰੱਖਿਅਤ ਅਤੇ ਜ਼ਿੰਮੇਵਾਰ ਵਰਤੋਂ ਲਈ ਸੰਤੁਲਿਤ ਨਿਯਮ ਜ਼ਰੂਰੀ ਏ। ਸ਼੍ਰੀ ਮੋਦੀ ਨੇ ਕਿਹਾ ਕਿ ਮਨੁੱਖਤਾ ਦੀ ਸਫਲਤਾ ਕਿਸੇ ਜੰਗ ਦੇ ਮੈਦਾਨ ਵਿੱਚ ਨਹੀਂ, ਇੱਕਜੁੱਟ ਸ਼ਕਤੀ ਵਿੱਚ ਹੁੰਦੀ ਏ। ਸ਼ਾਂਤੀ ਅਤੇ ਸੁਰੱਖਿਆ ਲਈ ਖਤਰਿਆਂ ਬਾਰੇ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਸਾਰੇ ਮੁੱਦਿਆਂ 'ਤੇ ਵਿਸ਼ਵ-ਵਿਆਪੀ ਕਾਰਵਾਈ ਵਿਸ਼ਵ ਦੀਆਂ ਇੱਛਾਵਾਂ ਮੁਤਾਬਿਕ ਹੋਣੀ ਚਾਹੀਦੀ ਏ।

**BYTE:**

---------------------------------------------------------

ਕਰਮਚਾਰੀ ਭਵਿੱਖ ਨਿਧੀ ਸੰਗਠਨ ਵਿੱਚ ਇਸ ਸਾਲ ਜੁਲਾਈ 'ਚ ਲਗਭਗ 20 ਲੱਖ ਨਵੇਂ ਗਾਹਕ  ਸ਼ਾਮਲ ਹੋਏ ਨੇ। ਇਹ ਪਿਛਲੇ ਸਾਲ ਦੇ ਇਸੇ ਮਹੀਨੇ ਦੇ ਮੁਕਾਬਲੇ, 2.43 ਫੀਸਦੀ ਦੇ ਵਾਧੇ ਨਾਲ ਹੁਣ ਤੱਕ ਦਾ ਸਭ ਤੋਂ ਵੱਧ ਗਿਣਤੀ ਏ। ਕੱਲ੍ਹ ਨਵੀਂ ਦਿੱਲੀ ਵਿੱਚ ਸੰਗਠਨ ਦੇ ਆਰਜ਼ੀ ਤਨਖਾਹ ਦੇ ਅੰਕੜੇ ਜਾਰੀ ਕਰਦੇ ਹੋਏ, ਕਿਰਤ ਅਤੇ ਰੁਜ਼ਗਾਰ ਮੰਤਰੀ ਮਨਸੁਖ ਮਾਂਡਵੀਆ ਨੇ ਕਿਹਾ ਕਿ ਅਪ੍ਰੈਲ 2018 ਵਿੱਚ ਤਨਖਾਹਾਂ ਦੀ ਨਿਗਰਾਨੀ ਸ਼ੁਰੂ ਹੋਣ ਤੋਂ ਬਾਅਦ, ਇਹ ਸਭ ਤੋਂ ਵੱਧ ਵਾਧਾ ਏ। ਇਸ ਸਾਲ ਜੂਨ ਵਿੱਚ ਲਗਭਗ 10 ਲੱਖ 52 ਹਜ਼ਾਰ ਨਵੇਂ ਮੈਂਬਰ ਸ਼ਾਮਲ ਹੋਏ।

---------------------------------------------------------

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ  ਹਰਚੰਦ ਸਿੰਘ ਬਰਸਟ, ਨੇ ਕਿਹਾ ਕਿ ਪੰਜਾਬ ਨੂੰ ਹਰਾ ਭਰਾ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਦੇ ਉਦੇਸ਼ ਨਾਲ, ਚਲਾਈ ਸ਼ਹੀਦ ਭਗਤ ਸਿੰਘ ਹਰਿਆਵਲ ਲਹਿਰ ਦੇ ਦੂਜੇ ਗੇੜ

ਤਹਿਤ ਸੂਬੇ ਦੀਆਂ ਮੰਡੀਆਂ ਸਮੇਤ ਵੱਖ-ਵੱਖ ਥਾਵਾਂ ਤੇ ਕੁੱਲ 60 ਹਜ਼ਾਰ 347 ਫ਼ਲਦਾਰ, ਅਤੇ ਹੋਰ ਬੂਟੇ ਲਾਏ ਗਏ ਨੇ । ਉਨ੍ਹਾਂ ਦਸਿਆ ਕਿ ਇਨਾ ਬੂਟਿਆਂ ਦੀ ਸਾਂਭ-ਸੰਭਾਲ ਦੀ ਜਿੰਮੇਵਾਰੀ ਉੱਥੇ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸੌਂਪੀ ਗਈ । ਚੇਅਰਮੈਨ ਨੇ ਰੁੱਖਾਂ ਦੀ ਸੰਭਾਲ ਬਾਰੇ ਅਤੇ ਗਲੋਬਲ ਵਾਰਮਿੰਗ ਕਰਕੇ ਹੋ ਰਹੇ ਵਾਤਾਵਰਣ ਦੇ ਨੁਕਸਾਨ ਬਾਰੇ ਆਪਣੇ ਵਿਚਾਰ ਰੱਖਦਿਆਂ ਉੱਚ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਆਪਣੇ ਆਲੇ-ਦੁਆਲੇ ਪੰਜ-ਪੰਜ ਬੂਟੇ ਅਤੇ ਆਪਣੇ ਜਨਮਦਿਨ ਮੌਕੇ ਦੋ-ਦੋ ਬੂਟੇ ਲਾਜ਼ਮੀ ਲਗਾਉਣ ਲਈ ਉਤਸਾਹਿਤ ਕੀਤਾ । ਉਨ੍ਹਾਂ ਕਿਹਾ ਕਿ ਵੱਧ ਰਿਹਾ ਪ੍ਰਦੂਸ਼ਣ ਅਤੇ ਤਾਪਮਾਨ ਸਮੁੱਚੀ ਮਨੁੱਖਤਾ ਲਈ ਬਹੁਤ ਵੱਡੀ ਚੁਣੌਤੀ ਬਣ ਗਿਆ ਏ । ਇਸੇ ਲਈ ਸਾਨੂੰ ਸਾਰਿਆਂ ਨੂੰ ਵੀ ਵਾਤਾਵਰਨ ਨੂੰ ਸਾਫ਼ ਰੱਖਣ ਲਈ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਨੇ । ਉਨ੍ਹਾਂ ਦੱਸਿਆ ਕਿ ਪ੍ਰਦੂਸ਼ਣ ਦੇ ਖਾਤਮੇ ਅਤੇ ਹਰਿਆਲੀ ਨੂੰ ਵਧਾਉਣ ਲਈ ਚੰਡੀਗੜ੍ਹ ਸਥਿਤ ਕਿਸਾਨ ਭਵਨ ਵਿਖੇ 700 ਰੁੱਖਾ ਦਾ ਜੰਗਲ ਲਗਾਇਆ ਹੋਇਆ ਏ । ਉਨ੍ਹਾਂ ਸਮੂੰਹ ਅਧਿਕਾਰੀਆਂ, ਕਰਮਚਾਰੀਆਂ, ਕਿਸਾਨਾਂ, ਆੜ੍ਹਤੀਆਂ ਨੂੰ ਵੱਧ ਤੋਂ

ਵੱਧ ਬੂਟੇ ਲਗਾਉਣ ਦੀ ਅਪੀਲ ਕੀਤੀ। ਓਧਰ ਆਕਾਸ਼ਵਾਣੀ ਚੰਡੀਗੜ੍ਹ ਵਿਖੇ ਵੀ 'ਇਕ ਪੇੜ ਮਾਂ ਕੇ ਨਾਮ' ਮੁਹਿੰਮ ਤਹਿਤ ਕੱਲ ਵੱਖ ਵੱਖ ਤਰਾਂ ਬੂਟੇ ਲਾਏ ਗਏ। ਇਸ ਮੌਕੇ ਕੇਂਦਰ ਦੇ ਪ੍ਰੋਗਰਾਮ, ਸਮਾਚਾਰ ਅਤੇ ਇੰਜੀਇਨਰਿੰਗ ਵਿਭਾਗ ਦੇ ਉੱਚ ਅਧਿਕਾਰੀ ਤੇ ਹੋਰ ਮੁਲਾਜ਼ਮ ਵੀ ਮੌਜੂਦ ਰਹੇ। ਸਾਰਿਆਂ ਨੇ ਇਨ੍ਹਾਂ ਬੂਟਿਆਂ ਦੀ ਸਾਂਭ ਸੰਭਾਲ ਦਾ ਅਹਿਦ ਵੀ ਲਿਆ।

---------------------------------------------------------

ਲੁਧਿਆਣਾ ਨਗਰ ਨਿਗਮ ਲੁਧਿਆਣਾ ਨੇ ਸਿਟੀ ਨੀਡਜ਼ ਦੇ ਸਹਿਯੋਗ ਨਾਲ, 2 ਤੋਂ 8 ਅਕਤੂਬਰ ਤੱਕ 'ਦਾਨ ਉਤਸਵ 2024' ਮਨਾਉਣ ਦਾ ਐਲਾਨ ਕੀਤਾ ਏ। ਬੀਤੇ ਕੱਲ ਸਰਕਟ ਹਾਊਸ ਵਿਖੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਨਗਰ ਨਿਗਮ ਦੇ ਸਹਾਇਕ ਕਮਿਸ਼ਨਰ ਜਸਦੇਵ ਸਿੰਘ ਸੇਖੋਂ ਅਤੇ ਸਿਟੀ ਨੀਡਜ਼ ਦੇ ਡਾਇਰੈਕਟਰ ਮਨੀਤ ਦੀਵਾਨ ਨੇ ਦੱਸਿਆ ਕਿ ਇਹ ਉਤਸਵ ਨਗਰ ਨਿਗਮ ਕਮਿਸ਼ਨਰ ਆਦਿੱਤਿਆ ਡਚਲਵਾਲ ਦੇ ਨਿਰਦੇਸ਼ਾਂ 'ਤੇ ਮਨਾਇਆ ਜਾ ਰਿਹਾ ਏ। ਲੁਧਿਆਣਾ, ਜਲੰਧਰ, ਅੰਮ੍ਰਿਤਸਰ, ਮੁਹਾਲੀ, ਚੰਡੀਗੜ੍ਹ, ਰੋਪੜ ਅਤੇ ਪਟਿਆਲਾ ਤੋਂ

ਇਲਾਵਾ ਇਸ ਸਾਲ ਪੰਚਕੂਲਾ ਅਤੇ ਦਿੱਲੀ ਵਿੱਚ ਵੀ ਉਤਸਵ ਮਨਾਇਆ ਜਾ ਰਿਹਾ ਏ। ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਦਾਨ ਉਤਸਵ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ ਲੋੜਵੰਦ ਵਿਅਕਤੀਆਂ ਲਈ ਪੁਰਾਣੀਆਂ ਜਾਂ ਨਵੀਂਆਂ ਵਸਤਾਂ,ਕੱਪੜੇ ਦਾਨ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਦਾਨ ਉਤਸਵ ਭਾਰਤ ਸਰਕਾਰ ਦੇ 'ਮਿਸ਼ਨ ਲਾਈਫ' ਪ੍ਰੋਗਰਾਮ ਤਹਿਤ ਮਨਾਇਆ ਜਾ ਰਿਹਾ ਏ। ਇਸ ਸਾਲ ਦੇ ਸਮਾਗਮ ਦਾ ਉਦੇਸ਼ ਨਾਗਰਿਕਾਂ, ਸੰਸਥਾਵਾਂ, ਉਦਯੋਗਾਂ ਅਤੇ ਕਲੱਬਾਂ ਤੋਂ ਪੁਰਾਣੀ ਅਤੇ ਨਵੀਂ ਸਮੱਗਰੀ ਇਕੱਠੀ ਕਰਨਾ ਏ।

---------------------------------------------------------------

ਡੀ.ਏ.ਵੀ. ਕਾਲਜ, ਜਲੰਧਰ ਦੇ ਭੌਤਿਕ ਵਿਗਿਆਨ ਵਿਭਾਗ, ਨੇ "ਸਿਧਾਂਤਕ ਅਤੇ ਪ੍ਰਯੋਗਾਤਮਕ ਭੌਤਿਕ ਵਿਗਿਆਨ ਵਿੱਚ ਫਰੰਟੀਅਰਜ਼" ਵਿਸ਼ੇ 'ਤੇ ਦੋ-ਰੋਜ਼ਾ ਰਾਸ਼ਟਰੀ ਕਾਨਫਰੰਸ ਦਾ ਆਯੋਜਨ ਕੀਤਾ। ਇਸ ਰਾਸ਼ਟਰੀ ਕਾਨਫਰੰਸ ਵਿੱਚ ਪੰਜਾਬ, ਚੰਡੀਗੜ੍ਹ, ਹਰਿਆਣਾ, ਉੱਤਰ ਪ੍ਰਦੇਸ਼ ਅਤੇ ਹਿਮਾਚਲ ਪ੍ਰਦੇਸ਼ ਸਮੇਤ ਵੱਖ-ਵੱਖ ਰਾਜਾਂ ਤੋਂ ਬੁਲਾਰਿਆਂ ਅਤੇ ਭਾਗੀਦਾਰਾਂ ਦੇ ਇੱਕ ਸਮੂਹ ਨੇ ਭਾਗ ਲਿਆ, ਜੋ ਖੇਤਰੀ ਮੁਹਾਰਤ

ਅਤੇ ਦ੍ਰਿਸ਼ਟੀਕੋਣਾਂ ਦੇ ਵਿਸ਼ਾਲ ਸਪੈਕਟ੍ਰਮ ਨੂੰ ਦਰਸਾਉਂਦਾ ਏ । ਕਾਨਫਰੰਸ ਲਈ 60 ਤੋਂ ਵੱਧ ਸਿੱਖਿਆ ਸ਼ਾਸਤਰੀਆਂ, ਖੋਜਕਰਤਾਵਾਂ ਅਤੇ ਵਿਦਿਆਰਥੀਆਂ ਨੇ ਰਜਿਸਟਰ ਕੀਤਾ। ਉਦਘਾਟਨੀ ਸੈਸ਼ਨ ਵਿੱਚ ਮੁੱਖ ਮਹਿਮਾਨ ਐਨ.ਆਈ.ਟੀ ਹਮੀਰਪੁਰ ਤੋਂ ਡਾ: ਰਵੀ ਕੁਮਾਰ ਨੇ ਆਧੁਨਿਕ ਤਕਨਾਲੋਜੀ ਵਿੱਚ ਪਾਰਦਰਸ਼ੀ ਕੰਡਕਟਰ ਚੁੰਬਕੀ ਆਕਸਾਈਡ ਦੀ ਮਹੱਤਵਪੂਰਨ ਭੂਮਿਕਾ 'ਤੇ ਧਿਆਨ ਕੇਂਦਰਿਤ ਕਰਦੇ ਹੋਏ "ਪੀ-ਟਾਈਪ ਪਾਰਦਰਸ਼ੀ ਕੰਡਕਟਰ ਅਤੇ ਮੈਗਨੈਟਿਕ ਆਕਸਾਈਡ ਸਮੱਗਰੀ ਦੀ ਕਾਰਗੁਜ਼ਾਰੀ" 'ਤੇ ਮੁੱਖ ਭਾਸ਼ਣ ਦਿੱਤਾ ।